I/48225/2020

ਸੂਚਨਾ ਤੇ ਜਿਲ੍ਹਾ ਲੋਕ ਸੰਪਰਕ ਦਫ਼ਤਰ, ਫਾਜ਼ਿਲਕਾ

**ਡਿਪਟੀ ਕਮਿਸ਼ਨਰ ਨੇ ਹੜ੍ਹ ਪ੍ਰਭਾਵਿਤ ਖੇਤਰਾਂ ਦਾ ਦੌਰਾ ਕਰਕੇ ਸਥਿਤੀ ਦਾ ਲਿਆ ਜਾਇਜਾ**

**-15 ਜੁਲਾਈ ਤੱਕ ਜ਼ਿਲ੍ਹੇ ਦੀਆਂ ਸਾਰੀਆਂ ਡਰੇਨਾਂ ਦੀ ਸਫਾਈ ਕਰਵਾਉਣ ਦੇ ਆਦੇਸ਼**

**-ਸੰਭਾਵੀ ਹੜ੍ਹਾਂ ਦੀ ਸਥਿਤੀ ਨੂੰ ਵੇਖਦਿਆਂ ਕੀਤੇ ਜਾਣ ਅਗਾਊ ਪ੍ਰਬੰਧ ਮੁਕੰਮਲ-ਡਿਪਟੀ ਕਮਿਸ਼ਨਰ**

ਫਾਜ਼ਿਲਕਾ 12 ਜੁਲਾਈ

ਬਰਸਾਤੀ ਮੌਸਮ ਅਤੇ ਸੰਭਾਵਿਤ ਹੜ੍ਹਾਂ ਦੇ ਮੱਦੇਨਜਰ ਡਿਪਟੀ ਕਮਿਸ਼ਨਰ ਸ. ਅਰਵਿੰਦ ਪਾਲ ਸਿੰਘ ਸੰਧੂ ਨੇ ਜ਼ਿਲ੍ਹੇ ਦੇ ਹੜ੍ਹ ਪ੍ਰਭਾਵਿਤ ਖੇਤਰਾਂ ਦਾ ਦੌਰਾ ਕਰਕੇ ਸਥਿਤੀ ਦਾ ਜਾਇਜਾ ਲਿਆ। ਇਸ ਮੌਕੇ ਉਨ੍ਹਾਂ ਡਰੇਨਜ ਵਿਭਾਗ ਦੇ ਅਧਿਕਾਰੀਆਂ ਨੂੰ ਜ਼ਿਲ੍ਹੇ ਅਧੀਨ ਆਉਂਦੀਆਂ ਸਾਰੀਆਂ ਡਰੇਨਜ ਦੀ 15 ਜੁਲਾਈ ਤੱਕ ਸਾਫ-ਸਫਾਈ ਆਦਿ ਹੋਰ ਲੋੜੀਂਦੇ ਕੰਮ ਮੁਕੰਮਲ ਕਰਨ ਦੇ ਆਦੇਸ਼ ਦਿੱਤੇ। ਉਨ੍ਹਾਂ ਸਬੰਧਤ ਖੇਤਰਾਂ ਦੇ ਲੋਕਾਂ ਦੀਆਂ ਸਮੱਸਿਆਵਾਂ ਸੁਣੀਆਂ ਅਤੇ ਅਧਿਕਾਰੀਆਂ ਨੂੰ ਲੋੜੀਂਦੇ ਆਦੇਸ਼ ਦਿੱਤੇ ਤਾਂ ਜੋ ਪਹਿਲਾਂ ਤੋਂ ਹੀ ਅਗਾਊਂ ਪ੍ਰਬੰਧ ਮੁਕੰਮਲ ਕਰ ਲਏ ਜਾਣ।

ਡਿਪਟੀ ਕਮਿਸ਼ਨਰ ਸ. ਸੰਧੂ ਨੇ ਜ਼ਿਲ੍ਹੇ ਦੇ ਹੜ੍ਹ ਪ੍ਰਭਾਵੀ ਖੇਤਰ ਕਾਂਵਾ ਵਾਲੀ ਪੁਲ, ਮਹਾਤਮ ਨਗਰ, ਝੰਗੜ੍ਹ ਭੈਣੀ, ਰਾਮ ਸਿੰਘ ਭੈਣੀ, ਢਾਣੀ ਸੱਦਾ ਸਿੰਘ, ਵੱਲੇ ਸ਼ਾਹ ਹਿਠਾੜ, ਰੇਤੇ ਵਾਲੀ ਭੈਣੀ, ਢਾਣੀ ਨੱਥਾ ਸਿੰਘ, ਢੰਡੀ ਕਦੀਮ ਆਦਿ ਪਿੰਡਾਂ ਦਾ ਦੌਰਾ ਕਰਕੇ ਮੌਕੇ ਦਾ ਜਾਇਜਾ ਲਿਆ। ਉਨ੍ਹਾਂ ਅਧਿਕਾਰੀਆਂ ਨੂੰ ਆਦੇਸ਼ ਦਿੰਦਿਆਂ ਕਿਹਾ ਕਿ ਉਹ ਪਹਿਲਾਂ ਤੋਂ ਹੀ ਆਪਣੀਆਂ ਤਿਆਰੀਆਂ ਮੁਕੰਮਲ ਰੱਖਣ ਤਾਂ ਜੋ ਸੰਭਾਵੀ ਹੜ੍ਹਾਂ ਦੀ ਸਥਿਤੀ 'ਚ ਕੋਈ ਮੁਸ਼ਕਲ ਪੇਸ਼ ਨਾ ਆਵੇ। ਉਨ੍ਹਾਂ ਅਧਿਕਾਰੀਆਂ ਨੂੰ ਕਿਹਾ ਕਿ ਪ੍ਰਬੰਧਾਂ ਨੂੰ ਪੁਖਤਾ ਕਰਨ ਵਿੱਚ ਪਿੰਡ ਵਾਸੀਆਂ ਦਾ ਵੀ ਸਹਿਯੋਗ ਲਿਆ ਜਾਵੇ। ਉਨ੍ਹਾਂ ਕਿਹਾ ਕਿ ਜੋ ਪਿੰਡ ਦਰਿਆ ਨਾਲ ਲੱਗਦੇ ਹਨ ਅਤੇ ਜੋ ਹੜ੍ਹ ਆਉਣ ਕਾਰਨ ਜਿਆਦਾ ਪ੍ਰਭਾਵਿਤ ਹੁੰਦੇ ਹਨ ਉਨ੍ਹਾਂ 'ਤੇ ਤਵਜੋਂ ਜਿਆਦਾ ਦਿੱਤੀ ਜਾਵੇ ਤਾਂ ਜੋ ਕੋਈ ਵੀ ਨੁਕਸਾਨ ਨਾ ਹੋ ਸਕੇ।

ਇਸ ਦੌਰਾਨ ਪਿੰਡ ਵਾਸੀਆਂ ਵੱਲੋਂ ਢਾਣੀ ਨੱਥਾ ਸਿੰਘ ਵਿਖੇ ਪੁਲ ਨਾ ਹੋਣ ਬਾਰੇ ਡਿਪਟੀ ਕਮਿਸ਼ਨਰ ਨੂੰ ਜਾਣੂੰ ਕਰਵਾਉਂਦਿਆਂ ਇਸ ਦਾ ਹੱਲ ਕਰਨ ਬਾਰੇ ਆਖਿਆ ਗਿਆ। ਡਿਪਟੀ ਕਮਿਸ਼ਨਰ ਨੇ ਮੌਕਾ ਵੇਖਦਿਆਂ ਪਿੰਡ ਵਾਸੀਆਂ ਨੂੰ ਆਸ਼ਵਾਸਨ ਦਵਾਇਆ ਕਿ ਜਲਦ ਹੀ ਇਸ ਦਾ ਪੁਖਤਾ ਹਲ ਕੀਤਾ ਜਾਵੇਗਾ ਤਾਂ ਜੋ ਲੋਕਾਂ ਨੂੰ ਇਸ ਮੁਸ਼ਕਲ ਤੋਂ ਨਿਜਾਤ ਮਿਲ ਸਕੇ। ਇਸ ਮੌਕੇ ਉਨ੍ਹਾ ਹੋਰਨਾਂ ਪਿੰਡ ਵਾਸੀਆਂ ਦੀਆਂ ਮੁਸ਼ਕਲਾਂ ਵੀ ਸੁਣੀਆਂ ਅਤੇ ਅਧਿਕਾਰੀਆਂ ਨੂੰ ਮੁਸ਼ਕਲਾਂ ਦਾ ਹਲ ਕਰਨ ਦੇ ਮੌਕੇ 'ਤੇ ਲੋੜੀਂਦੇ ਆਦੇਸ਼ ਦਿੱਤੇ। ਉਨ੍ਹਾਂ ਬੀ.ਐਸ.ਐਫ ਅਧਿਕਾਰੀਆਂ ਨਾਲ ਗੱਲਬਾਤ ਕਰਕੇ ਹੜ੍ਹਾਂ ਲਈ ਕੀਤੇ ਪ੍ਰਬੰਧ ਕਾਰਜਾਂ ਦਾ ਜਾਇਜਾ ਲਿਆ।

ਇਸ ਮੌਕੇ ਐਸ.ਡੀ.ਐਮ. ਫਾਜ਼ਿਲਕਾ ਕੇਸ਼ਵ ਗੋਇਲ, ਤਹਿਸੀਲਦਾਰ ਫਾਜ਼ਿਲਕਾ ਡੀ.ਪੀ. ਪਾਂਡੇ, ਨਾਇਬ ਤਹਿਸੀਲਦਾਰ ਵਿਜੈ ਬਹਿਲ ਤੇ ਬਲਦੇਵ ਸਿੰਘ, ਜ਼ਿਲ੍ਹਾ ਵਿਕਾਸ ਤੇ ਪੰਚਾਇਤ ਅਫਸਰ ਸੁਖਪਾਲ ਸਿੰਘ ਅਤੇ ਡਰੇਨਜ ਵਿਭਾਗ ਦੇ ਅਧਿਕਾਰੀ ਤੇ ਕਰਮਚਾਰੀ ਮੌਜੂਦ ਸਨ।





I/48250/2020

ਸੂਚਨਾ ਤੇ ਜ਼ਿਲ੍ਹਾ ਲੋਕ ਸਪਰਕ ਦਫਤਰ, ਫਾਜ਼ਿਲਕਾ

## ਮਿਸ਼ਨ ਫਤਿਹ ਤਹਿਤ 34 ਸਾਲਾ ਸਿਹਤ ਕਰਮਚਾਰੀ ਨੇ ਕਰੋਨਾ ’ਤੇ ਪਾਈ ਫਤਿਹ

### ਜ਼ਿਲ੍ਹੇ ਅੰਦਰ ਹੋਏ 8 ਐਕਟਿਵ ਕੇਸ

ਫਾਜਿਲਕਾ, 12 ਜੁਲਾਈ

ਸਿਵਲ ਸਰਜਨ ਡਾ. ਚੰਦਰ ਮੋਹਨ ਕਟਾਰੀਆ ਨੇ ਦੱਸਿਆ ਕਿ 34 ਸਾਲਾ ਸਿਹਤ ਕਰਮਚਾਰੀ ਨੇ ਮਿਸ਼ਨ ਫਤਿਹ ਮੁਹਿੰਮ ਤਹਿਤ ਕਰੋਨਾ ’ਤੇ ਜਿੱਤ ਪ੍ਰਾਪਤ ਕੀਤੀ ਹੈ। ਉਨ੍ਹਾਂ ਦੱਸਿਆ ਕਿ ਠੀਕ ਹੋਏ ਵਿਅਕਤੀ ਨੂੰ ਸਿਹਤ ਵਿਭਾਗ ਵੱਲੋਂ ਜਾਰੀ ਸਾਵਧਾਨੀਆਂ ਦੀ ਵਰਤੋਂ ਕਰਨ ਲਈ ਕਿਹਾ ਗਿਆ ਹੈ।

ਸਿਵਲ ਸਰਜਨ ਨੇ ਦੱਸਿਆ ਕਿ ਇਹ ਕਰਮਚਾਰੀ ਜਲਾਲਾਬਾਦ ਦੇ ਆਈਸੋਲੇਸਨ ਸੈਂਟਰ ਵਿਖੇ ਆਪਣਾ ਇਲਾਜ ਕਰਵਾ ਰਿਹਾ ਸੀ। ਇਸ ਤਰ੍ਹਾਂ ਜ਼ਿਲ੍ਹੇ ਅੰਦਰ ਹੁਣ ਤੱਕ 8 ਕਰੋਨਾ ਐਕਟਿਵ ਕੇਸ ਰਹਿ ਗਏ ਹਨ।

ਉਨ੍ਹਾਂ ਲੋਕਾਂ ਨੂੰ ਸਲਾਹ ਦਿੱਤੀ ਕਿ ਸਿਹਤ ਵਿਭਾਗ ਵੱਲੋਂ ਜਾਰੀ ਸਾਵਧਾਨੀਆਂ ਦੀ ਪਾਲਣਾ ਕਰਨੀ ਯਕੀਨੀ ਬਣਾਈ ਜਾਵੇ। ਉਨ੍ਹਾਂ ਕਿਹਾ ਕਿ ਵਾਰ-ਵਾਰ ਹੱਥ ਧੋਣੇ, ਬਾਹਰ ਜਾਣ ਸਮੇਂ ਮਾਸਕ ਪਾਉਣਾ ਅਤੇ ਇਕੱਠ ਵਾਲੀ ਜਗ੍ਹਾਂ ’ਤੇ ਸਮਾਜਿਕ ਦੂਰੀ ਬਣਾ ਕੇ ਰੱਖਣੀ ਯਕੀਨੀ ਬਣਾਈ ਜਾਵੇ।

I/48294/2020

ਦਫਤਰ ਜਿਲ੍ਹਾ ਲੋਕ ਸੰਪਰਕ ਅਫਸਰ ਫਾਜਿਲਕਾ

ਕੈਪਟਨ ਨੂੰ ਪੁੱਛੋ

-ਕਿਨੂੰ ਦੇ ਮੰਡੀਕਰਨ ਵਿਚ ਕਿਸਾਨਾਂ ਨੂੰ ਨਹੀਂ ਆਉਣ ਦਿੱਤੀ ਜਾਵੇਗੀ ਕੋਈ ਦਿੱਕਤ- ਮੁੱਖ ਮੰਤਰੀ

ਮੁੱਖ ਮੰਤਰੀ ਨੇ ਫਾਜਿਲਕਾ ਦੇ ਲੋਕਾਂ ਦੇ ਸਵਾਲਾਂ ਦੇ ਦਿੱਤੇ ਜਵਾਬ

-ਕਿਹਾ ਨੌਕਰੀ ਲਈ ਪ੍ਰੀਖਿਆਵਾਂ ਦੀ ਕਰੋ ਤਿਆਰੀ

ਫਾਜਿਲਕਾ, 12 ਜੁਲਾਈ

ਪੰਜਾਬ ਦੇ ਮੁੱਖ ਮੰਤਰੀ ਕੈਪਟਨ ਅਮਰਿੰਦਰ ਸਿੰਘ ਨੇ ਅੱਜ ਆਪਣੇ ਹਫਤਾਵਾਰੀ ਫੇਸਬੁੱਕ ਲਾਈਵ ਸੈਸਨ ਦੌਰਾਨ ਪੰਜਾਬ ਵਾਸੀਆਂ ਦੇ ਸਵਾਲਾਂ ਦੇ ਜਵਾਬ ਦਿੰਦਿਆਂ ਭਰੋਸਾ ਦਿੱਤਾ ਹੈ ਕਿ ਸੂਬਾ ਸਰਕਾਰ ਸਾਰੇ ਢੁੱਕਵੇਂ ਇੰਤਜਾਮ ਕਰੇਗੀ ਕਿ ਫਾਜਿਲਕਾ ਜਿਲ੍ਹੇ ਦੇ ਕਿਸਾਨਾਂ ਨੂੰ ਕਿਨੂੰ ਦੇ ਮੰਡੀਕਰਨ ਵਿਚ ਕੋਈ ਦਿੱਕਤ ਨਾ ਆਵੇ।

ਫਾਜਿਲਕਾ ਜਿਲ੍ਹੇ ਦੇ ਮਹਿੰਦਰ ਕੁਮਾਰ ਨਾਂਅ ਦੇ ਸਖਸ ਨੇ ਕਿਹਾ ਸੀ ਕਿ ਅਗਾਮੀ ਸੀਜਨ ਦੌਰਾਨ ਕਰੋਨਾ ਦੇ ਵਾਧੇ ਦੇ ਮੱਦੇਨਜਰ ਜਿਲ੍ਹੇ ਦੇ ਕਿਸਾਨਾਂ ਨੂੰ ਕਿਨੂੰ ਦੇ ਮੰਡੀਕਰਨ ਵਿਚ ਦਿੱਕਤ ਆ ਸਕਦੀ ਹੈ। ਇਸ ਤੇ ਮੁੱਖ ਮੰਤਰੀ ਕੈਪਟਨ ਅਮਰਿੰਦਰ ਸਿੰਘ ਨੇ ਭਰੋਸਾ ਦਿੱਤਾ ਕਿ ਸੂਬਾ ਸਰਕਾਰ ਇਸ ਸਬੰਧੀ ਯਕੀਨੀ ਬਣਾਏਗੀ ਕਿ ਕਿਨੂੰ ਉਤਪਾਦਕਾਂ ਨੂੰ ਮੰਡੀਕਰਨ ਵਿਚ ਕੋਈ ਦਿੱਕਤ ਨਾ ਆਵੇ। ਮੁੱਖ ਮੰਤਰੀ ਨੇ ਕਿਹਾ ਕਿ ਉਨ੍ਹਾਂ ਵੱਲੋਂ ਇਸ ਸਬੰਧੀ ਸਬੰਧਤ ਵਿਭਾਗ ਨੂੰ ਕਾਰਵਾਈ ਲਈ ਕਿਹਾ ਗਿਆ ਹੈ।

ਇਸੇ ਤਰਾਂ ਫਾਜਿਲਕਾ ਜਿਲ੍ਹੇ ਦੇ ਹਰਮੀਤ ਸਿੰਘ ਵੱਲੋਂ ਪੁੱਛੇ ਸਵਾਲ ਦੇ ਜਵਾਬ ਵਿਚ ਮੁੱਖ ਮੰਤਰੀ ਨੇ ਕਿਹਾ ਕਿ ਨੌਜਵਾਰ ਨੌਕਰੀ ਲਈ ਲਈਆਂ ਜਾਣ ਵਾਲੀਆਂ ਪ੍ਰੀਖਿਆਵਾਂ ਦੀ ਤਿਆਰੀ ਰੱਖਣ। ਸਰਕਾਰ ਵੱਲੋਂ ਇਸ ਸਬੰਧੀ ਸਮੇਂ ਸਮੇਂ ਤੇ ਸਰਕਾਰੀ ਨੌਕਰੀਆਂ ਲਈ ਪ੍ਰੀਖਿਆਵਾਂ ਲਈਆਂ ਜਾਣਗੀਆਂ ਅਤੇ ਸਾਡੇ ਨੌਜਵਾਨਾਂ ਦੀਆਂ ਸਰਕਾਰੀ ਨੌਕਰੀ ਦੀਆਂ ਇੱਛਾਵਾਂ ਨੂੰ ਜਲਦ ਬੂਰ ਪਵੇਗਾ।

ਇਸ ਲਾਈਵ ਸੈਸਨ ਦੌਰਾਨ ਮੁੱਖ ਮੰਤਰੀ ਕੈਪਟਨ ਅਮਰਿੰਦਰ ਸਿੰਘ ਨੇ ਸੂਬੇ ਦੇ ਲੋਕਾਂ ਨੂੰ ਅਪੀਲ ਕੀਤੀ ਕਿ ਉਹ ਡਾਕਟਰਾਂ ਵੱਲੋਂ ਦੱਸੀਆਂ ਜਰੂਰੀ ਸਾਵਧਾਨੀਆਂ ਦਾ ਸਖਤੀ ਨਾਲ ਪਾਲਣ ਕਰਨ ਕਿਉਂਕਿ ਇਹੀ ਇਕ ਤਰੀਕਾ ਹੈ ਜਿਸ ਨਾਲ ਅਸੀਂ ਮਨੁੱਖਤਾ ਲਈ ਖਤਰਾ ਬਣੇ ਕਰੋਨਾ ਨੂੰ ਹਰਾ ਕੇ ਇਸ ਜੰਗ ਵਿਚ ਫਤਿਹ ਹਾਸਲ ਕਰ ਸਕਦੇ ਹਾਂ।